ਤਿਲੰਗ ਮਹਲਾ ੪ ਘਰੁ ੨ ੴ ਸਤਿਗੁਰ ਪ੍ਰਸਾਦਿ ॥ ਸਭਿ ਆਏ ਹੁਕਮਿ ਖਸਮਾਹੁ ਹੁਕਮਿ ਸਭ ਵਰਤਨੀ ॥ ਸਚੁ ਸਾਹਿਬੁ ਸਾਚਾ ਖੇਲੁ ਸਭੁ ਹਰਿ ਧਨੀ ॥੧॥ ਸਾਲਾਹਿਹੁ ਸਚੁ ਸਭ ਊਪਰਿ ਹਰਿ ਧਨੀ ॥ ਜਿਸੁ ਨਾਹੀ ਕੋਇ ਸਰੀਕੁ ਕਿਸੁ ਲੇਖੈ ਹਉ ਗਨੀ ॥ ਰਹਾਉ ॥ ਪਉਣ ਪਾਣੀ ਧਰਤੀ ਆਕਾਸੁ ਘਰ ਮੰਦਰ ਹਰਿ ਬਨੀ ॥ ਵਿਚਿ ਵਰਤੈ ਨਾਨਕ ਆਪਿ ਝੂਠੁ ਕਹੁ ਕਿਆ ਗਨੀ ॥੨॥੧॥ {ਪੰਨਾ 723}

ਪਦਅਰਥ:- ਸਭਿ—ਸਾਰੇ ਜੀਵ। ਹੁਕਮਿ—ਹੁਕਮ ਅਨੁਸਾਰ। ਖਸਮਾਹੁ—ਖਸਮ ਤੋਂ। ਹੁਕਮਿ—ਹੁਕਮ ਵਿਚ। ਸਭ—ਸਾਰੀ ਸ੍ਰਿਸ਼ਟੀ। ਵਰਤਨੀ—ਕੰਮ ਕਰ ਰਹੀ ਹੈ। ਸਚੁ—ਸਦਾ ਕਾਇਮ ਰਹਿਣ ਵਾਲਾ। ਸਾਚਾ—ਅਟੱਲ (ਨਿਯਮਾਂ ਵਾਲਾ)। ਖੇਲੁ—ਜਗਤ-ਤਮਾਸ਼ਾ। ਸਭ—ਹਰ ਥਾਂ। ਧਨੀ—ਮਾਲਕ।1।

ਜਿਸੁ ਸਰੀਕੁ—ਜਿਸ ਦੇ ਬਰਾਬਰ ਦਾ। ਲੇਖੈ—ਲੇਖੇ ਵਿਚ। ਹਉ—ਮੈਂ। ਗਨੀ—ਗਨੀਂ, ਮੈਂ। (ਗੁਣ) ਬਿਆਨ ਕਰਾਂ। ਰਹਾਉ।

ਵਰਤੈ—ਮੌਜੂਦ ਹੈ। ਕਹੁ—ਦੱਸੋ। ਕਿਆ—ਕਿਸ ਨੂੰ?।2।

ਅਰਥ:- ਹੇ ਭਾਈ! ਸਦਾ-ਥਿਰ ਹਰੀ ਦੀ ਸਿਫ਼ਤਿ-ਸਾਲਾਹ ਕਰਿਆ ਕਰੋ। ਉਹ ਹਰੀ ਸਭ ਦੇ ਉਪਰ ਹੈ ਤੇ ਮਾਲਕ ਹੈ। ਜਿਸ ਹਰੀ ਦੇ ਬਰਾਬਰ ਦਾ ਹੋਰ ਕੋਈ ਨਹੀਂ ਹੈ, ਮੈਂ ਕਿਸ ਗਿਣਤੀ ਵਿਚ ਹਾਂ ਕਿ ਉਸ ਦੇ ਗੁਣ ਬਿਆਨ ਕਰ ਸਕਾਂ?। ਰਹਾਉ।

ਹੇ ਭਾਈ! ਸਾਰੇ ਜੀਵ ਹੁਕਮ ਅਨੁਸਾਰ ਖਸਮ-ਪ੍ਰਭੂ ਤੋਂ ਹੀ ਜਗਤ ਵਿਚ ਆਏ ਹਨ, ਸਾਰੀ ਲੁਕਾਈ ਉਸ ਦੇ ਹੁਕਮ ਵਿਚ (ਹੀ) ਕੰਮ ਕਰ ਰਹੀ ਹੈ। ਉਹ ਮਾਲਕ ਸਦਾ ਕਾਇਮ ਰਹਿਣ ਵਾਲਾ ਹੈ, ਉਸ ਦਾ (ਰਚਿਆ ਜਗਤ-) ਤਮਾਸ਼ਾ ਅਟੱਲ (ਨਿਯਮਾਂ ਵਾਲਾ ਹੈ)। ਹਰ ਥਾਂ ਉਹ ਮਾਲਕ ਆਪ ਮੌਜੂਦ ਹੈ।1।

ਹੇ ਭਾਈ! ਹਵਾ, ਪਾਣੀ, ਧਰਤੀ ਆਕਾਸ਼—ਇਹ ਸਾਰੇ ਪਰਮਾਤਮਾ ਦੇ (ਰਹਿਣ ਵਾਸਤੇ) ਘਰ ਮੰਦਰ ਬਣੇ ਹੋਏ ਹਨ। ਹੇ ਨਾਨਕ! ਇਹਨਾਂ ਸਭਨਾਂ ਵਿਚ ਪਰਮਾਤਮਾ ਆਪ ਵੱਸ ਰਿਹਾ ਹੈ। ਦੱਸੋ, ਇਹਨਾਂ ਵਿਚੋਂ ਕਿਸ ਨੂੰ ਮੈਂ ਅਸੱਤ ਆਖਾਂ?।2।1।